ਭੈਰਉ ਮਹਲਾ ੫ ॥ ਸਤਿਗੁਰੁ ਮੇਰਾ ਬੇਮੁਹਤਾਜੁ ॥ ਸਤਿਗੁਰ ਮੇਰੇ ਸਚਾ ਸਾਜੁ ॥ ਸਤਿਗੁਰੁ ਮੇਰਾ ਸਭਸ ਕਾ ਦਾਤਾ ॥ ਸਤਿਗੁਰੁ ਮੇਰਾ ਪੁਰਖੁ ਬਿਧਾਤਾ ॥੧ ॥ ਗੁਰ ਜੈਸਾ ਨਾਹੀ ਕੋ ਦੇਵ ॥ ਜਿਸੁ ਮਸਤਕਿ ਭਾਗੁ ਸੁ ਲਾਗਾ ਸੇਵ ॥੧ ॥ ਰਹਾਉ ॥ ਸਤਿਗੁਰੁ ਮੇਰਾ ਸਰਬ ਪ੍ਰਤਿਪਾਲੈ ॥ ਸਤਿਗੁਰੁ ਮੇਰਾ ਮਾਰਿ ਜੀਵਾਲੈ ॥ ਸਤਿਗੁਰ ਮੇਰੇ ਕੀ ਵਡਿਆਈ ॥ ਪ੍ਰਗਟੁ ਭਈ ਹੈ ਸਭਨੀ ਥਾਈ ॥੨॥ ਸਤਿਗੁਰੁ ਮੇਰਾ ਤਾਣੁ ਨਿਤਾਣੁ ॥ ਸਤਿਗੁਰੁ ਮੇਰਾ ਘਰਿ ਦੀਬਾਣੁ ॥ ਸਤਿਗੁਰ ਕੈ ਹਉ ਸਦ ਬਲਿ ਜਾਇਆ ॥ ਪ੍ਰਗਟੁ ਮਾਰਗੁ ਜਿਨਿ ਕਰਿ ਦਿਖਲਾਇਆ ॥੩ ॥ ਜਿਨਿ ਗੁਰੁ ਸੇਵਿਆ ਤਿਸੁ ਭਉ ਨ ਬਿਆਪੈ ॥ ਜਿਨਿ ਗੁਰੁ ਸੇਵਿਆ ਤਿਸੁ ਦੁਖੁ ਨ ਸੰਤਾਪੈ ॥ ਨਾਨਕ ਸੋਧੇ ਸਿੰਮ੍ਰਿਤਿ ਬੇਦ ॥ ਪਾਰਬ੍ਰਹਮ ਗੁਰ ਨਾਹੀ ਭੇਦ ॥੪॥੧੧॥੨੪॥ {ਪੰਨਾ 1142}

ਪਦਅਰਥ:- ਬੇ-ਮੁਹਤਾਜੁ—ਕਿਸੇ ਦਾ ਅਰਥੀਆ ਨਹੀਂ। ਸਚਾ —ਸਦਾ ਕਾਇਮ ਰਹਿਣ ਵਾਲਾ। ਸਾਜੁ—ਮਰਯਾਦਾ। ਸਭਸ ਕਾ—ਸਭ ਜੀਵਾਂ ਦਾ। ਬਿਧਾਤਾ—ਸਿਰਜਣਹਾਰ ਪ੍ਰਭੂ (ਦਾ ਰੂਪ)।1।

ਕੋ—ਕੋਈ। ਦੇਵ—ਦੇਵਤਾ। ਮਸਤਕਿ—ਮੱਥੇ ਉੱਤੇ। ਭਾਗੁ—ਚੰਗੀ ਕਿਸਮਤ।1। ਰਹਾਉ।

ਪ੍ਰਤਿਪਾਲੈ—ਪਾਲਣਾ ਕਰਦਾ ਹੈ। ਮਾਰਿ —(ਮਾਇਆ ਦੇ ਮੋਹ ਵੱਲੋਂ ) ਮਾਰ ਕੇ। ਜੀਵਾਲੈ —ਆਤਮਕ ਜੀਵਨ ਦੇਂਦਾ ਹੈ। ਵਡਿਆਈ—ਸੋਭਾ।2।

ਤਾਣੁ—ਸਹਾਰਾ। ਨਿਤਾਣੁ —ਨਿਆਸਰਾ ਮਨੁੱਖ। ਘਰਿ —ਹਿਰਦੇ-ਘਰ ਵਿਚ। ਦੀਬਾਣੁ —ਆਸਰਾ। ਕੈ—ਤੋਂ। ਹਉ—ਮੈਂ। ਸਦ—ਸਦਾ। ਬਲਿ ਜਾਇਆ—ਸਦਕੇ ਹਾਂ। ਜਿਨਿ—ਜਿਸ (ਗੁਰੂ) ਨੇ। ਪ੍ਰਗਟੁ—ਪਰਤੱਖ, ਸਿੱਧਾ। ਮਾਰਗੁ—ਰਸਤਾ।3।

ਜਿਨਿ—ਜਿਸ (ਮਨੁੱਖ) ਨੇ। ਨ ਬਿਆਪੈ —ਜ਼ੋਰ ਨਹੀਂ ਪਾ ਸਕਦਾ। ਨ ਸੰਤਾਪੈ —ਦੁਖੀ ਨਹੀਂ ਕਰ ਸਕਦਾ। ਸੋਧੇ—ਖੋਜ ਵੇਖੇ ਹਨ। ਭੇਦ—ਫ਼ਰਕ, ਵਿੱਥ।4।

ਅਰਥ:- ਹੇ ਭਾਈ! ਗੁਰੂ ਵਰਗਾ ਹੋਰ ਕੋਈ ਦੇਵਤਾ ਨਹੀਂ ਹੈ। ਜਿਸ (ਮਨੁੱਖ) ਦੇ ਮੱਥੇ ਉਤੇ ਚੰਗੀ ਕਿਸਮਤ (ਜਾਗ ਪਏ) ਉਹ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ।1। ਰਹਾਉ।

ਹੇ ਭਾਈ! ਪਿਆਰੇ ਗੁਰੂ ਨੂੰ ਕਿਸੇ ਦੀ ਮੁਥਾਜੀ ਨਹੀਂ (ਗੁਰੂ ਦੀ ਕੋਈ ਆਪਣੀ ਜ਼ਾਤੀ ਗ਼ਰਜ਼ ਨਹੀਂ)—ਗੁਰੂ ਦੀ ਇਹ ਸਦਾ ਕਾਇਮ ਰਹਿਣ ਵਾਲੀ ਮਰਯਾਦਾ ਹੈ (ਕਿ ਉਹ ਸਦਾ ਬੇ-ਗ਼ਰਜ਼ ਹੈ)। ਹੇ ਭਾਈ! ਗੁਰੂ ਸਭ ਜੀਵਾਂ ਨੂੰ (ਦਾਤਾਂ) ਦੇਣ ਵਾਲਾ ਹੈ। ਗੁਰੂ ਅਤੇ ਸਿਰਜਣਹਾਰ ਅਕਾਲ ਪੁਰਖ ਇੱਕ -ਰੂਪ ਹੈ।1।

ਹੇ ਭਾਈ! ਪਿਆਰਾ ਗੁਰੂ ਸਭ ਜੀਵਾਂ ਦੀ ਰੱਖਿਆ ਕਰਦਾ ਹੈ , (ਜਿਹੜਾ ਮਨੁੱਖ ਉਸ ਦੇ ਦਰ ਤੇ ਆਉਂਦਾ ਹੈ, ਉਸ ਨੂੰ ਮਾਇਆ ਦੇ ਮੋਹ ਵੱਲੋਂ) ਮਾਰ ਕੇ ਆਤਮਕ ਜੀਵਨ ਦੇ ਦੇਂਦਾ ਹੈ। ਹੇ ਭਾਈ! ਗੁਰੂ ਦੀ ਇਹ ਉੱਚੀ ਸੋਭਾ ਸਭਨੀਂ ਥਾਈਂ ਰੌਸ਼ਨ ਹੋ ਗਈ ਹੈ।2।

ਹੇ ਭਾਈ! ਜਿਸ ਮਨੁੱਖ ਦਾ ਹੋਰ ਕੋਈ ਭੀ ਆਸਰਾ ਨਹੀਂ (ਜਦੋਂ ਉਹ ਗੁਰੂ ਦੀ ਸਰਨ ਆ ਪੈਂਦਾ ਹੈ ) ਗੁਰੂ (ਉਸ ਦਾ) ਆਸਰਾ ਬਣ ਜਾਂਦਾ ਹੈ , ਗੁਰੂ ਉਸ ਦੇ ਹਿਰਦੇ -ਘਰ ਵਿਚ ਸਹਾਰਾ ਦੇਂਦਾ ਹੈ। ਹੇ ਭਾਈ! ਜਿਸ (ਗੁਰੂ) ਨੇ ਆਤਮਕ ਜੀਵਨ ਦਾ ) ਸਿੱਧਾ ਰਾਹ ਵਿਖਾਲ ਦਿੱਤਾ ਹੈ , ਮੈਂ ਉਸ ਤੋਂ ਸਦਾ ਕੁਰਬਾਨ ਜਾਂਦਾ ਹਾਂ।3।

ਹੇ ਭਾਈ! ਜਿਸ (ਮਨੁੱਖ) ਨੇ ਗੁਰੂ ਦੀ ਸਰਨ ਲਈ ਹੈ, ਕੋਈ ਡਰ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ, ਕੋਈ ਦੁੱਖ-ਕਲੇਸ਼ ਉਸ ਨੂੰ ਸਤਾ ਨਹੀਂ ਸਕਦਾ। ਹੇ ਨਾਨਕ! (ਆਖ—ਹੇ ਭਾਈ!) ਸਿੰਮ੍ਰਿਤੀਆਂ ਵੇਦ (ਆਦਿਕ ਧਰਮ-ਪੁਸਤਕ) ਖੋਜ ਵੇਖੇ ਹਨ (ਗੁਰੂ ਸਭ ਤੋਂ ਉੱਚਾ ਹੈ) ਗੁਰੂ ਅਤੇ ਪਰਮਾਤਮਾ ਵਿਚ ਕੋਈ ਭੀ ਫ਼ਰਕ ਨਹੀਂ ਹੈ।4।11। 24।